15ਵੀਂ ਵਿਧਾਨ ਸਭਾ
ਗਿਆਰ੍ਹਵਾਂ ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ. 3

## ਮੰਗਲਵਾਰ, 25 ਫਰਵਰੀ, 2020

(10.00 ਵਜੇ ਸਵੇਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ)

1. ਮਾਨਯੋਗ ਮੁੱਖ ਮੰਤਰੀ ਦੁਆਰਾ ਬਿਆਨ

ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ ਵਲੋਂ ਸ਼੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਜਾਂਦੇ ਸ਼ਰਧਾਲੂਆਂ ਬਾਰੇ ਦਿੱਤੇ ਬਿਆਨ ਸਬੰਧੀ ਅਤੇ ਸ਼੍ਰੀ ਭਾਰਤ ਭੂਸ਼ਣ ਆਸ਼ੂ, ਖੁਰਾਕ ਅਤੇ ਸਪਲਾਈ ਮੰਤਰੀ ਤੇ ਲੱਗੇ ਦੋਸ਼ਾਂ ਤੇ ਕੋਈ ਕਾਰਵਾਈ ਨਾ ਕੀਤੇ ਜਾਣ ਸਬੰਧੀ, ਵਿਰੋਧੀ ਪਾਰਟੀਆਂ ਵਲੋਂ ਓਠਾਏ ਗਏ ਮੁੱਦੇ ਤੇ ਮੁੱਖ ਮੰਤਰੀ ਵਲੋਂ ਸਦਨ ਵਿੱਚ ਬਿਆਨ ਦਿੱਤਾ ਗਿਆ।

2. ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ

ਮਾਨਯੋਗ ਸਪੀਕਰ ਵੱਲੋਂ ਸਰਦਾਰ ਭਗਵੰਤ ਸਿੰਘ ਮਾਨ, ਮੈਂਬਰ ਪਾਰਲੀਮੈਂਟ, ਲੋਕ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

3. ਪ੍ਰਸ਼ਨ

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 03 | 04 | 01 | 12 | 06 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 20

4. ਵਾਕ ਆਊਟ

1. ਆਮ ਆਦਮੀ ਪਾਰਟੀ ਦੇ ਸਰਦਾਰ ਸੁਖਪਾਲ ਸਿੰਘ ਖਹਿਰਾ, ਸਰਦਾਰ ਪਿਰਮਲ ਸਿੰਘ ਧੌਲਾ, ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ ਅਤੇ ਸਰਦਾਰ ਜਗਦੇਵ ਸਿੰਘ ਬੋਲਣ ਦਾ ਸਮਾਂ ਨਾ ਦੇਣ ਦੇ ਰੋਸ ਵਜੋਂ ਸਦਨ ਵਿਚੋਂ ਵਾਕ ਆਊਟ ਕਰ ਗਏ।

2. ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਸਰਦਾਰ ਅਮਰਜੀਤ ਸਿੰਘ ਸੰਦੋਆ ਅਤੇ ਸ਼੍ਰੀ ਕੰਵਰ ਸੰਧੂ ਨੂੰ ਛੱਡ ਕੇ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਖੁਰਾਕ ਤੇ ਸਿਵਲ ਸਪਲਾਈ ਮੰਤਰੀ, ਸ਼੍ਰੀ ਭਾਰਤ ਭੂਸ਼ਣ ਆਸ਼ੂ ਤੇ ਲੱਗੇ ਦੋਸ਼ਾਂ ਤੇ ਕੋਈ ਕਾਰਵਾਈ ਨਾ ਕੀਤੇ ਜਾਣ ਦੇ ਰੋਸ ਵਲੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

5. ਮਤੇ

1. ਸਰਦਾਰ ਸਾਧੂ ਸਿੰਘ ਧਰਮਸੋਤ, ਸਮਾਜਿਕ ਨਿਆਂ, ਸ਼ਕਤੀਕਰਨ ਤੇ ਘੱਟ ਗਿਣਤੀ ਮੰਤਰੀ ਵੱਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

> "ਕਿ ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਪੰਜਾਬ ਸਰਕਾਰ ਕੇਂਦਰੀ ਸਰਕਾਰ ਨੂੰ ਸੁਪਰੀਮ ਕੋਰਟ ਦੇ ਮਿਤੀ 7 ਫਰਵਰੀ, 2020 ਦੇ ਰਾਖਵਾਂਕਰਨ ਵਿਰੁੱਧ ਦਿੱਤੇ ਗਏ ਫੈਸਲੇ ਨੂੰ ਰੱਦ ਕਰਕੇ ਸੰਵਿਧਾਨ ਦੀ ਆਰਟੀਕਲ 16 (4) ਅਤੇ 16 (4 ਏ) ਵਿਚ ਨਿਯੁਕਤੀ ਅਤੇ ਪ੍ਰਮੋਸ਼ਨ ਦੌਰਾਨ ਜੋ ਰਿਜ਼ਰਵੇਸ਼ਨ ਦਿੱਤੀ ਗਈ ਹੈ, ਉਸ ਨੂੰ ਜਾਰੀ ਰੱਖੇ ਜਾਣ ਦੀ ਬੇਨਤੀ ਕੀਤੀ ਜਾਵੇ ਕਿਉਂਕਿ ਰਾਖਵਾਂਕਰਨ ਅਨੁਸੂਚਿਤ ਜਾਤੀਆਂ ਦਾ ਮੌਲਿਕ ਅਧਿਕਾਰ ਹੈ। ਇਸ ਲਈ ਉਨ੍ਹਾਂ ਨੂੰ ਸਮਾਜਿਕ ਅਤੇ ਆਰਥਿਕ ਸਮਾਨਤਾ ਲਿਆਉਣ ਲਈ ਇਸ ਰਿਜ਼ਰਵੇਸ਼ਨ ਪਾਲਿਸੀ ਨੂੰ ਜਾਰੀ ਰੱਖਿਆ ਜਾਵੇ। ਇਸ ਤੋਂ ਇਲਾਵਾ ਕੇਂਦਰੀ ਸਰਕਾਰ ਨੂੰ ਇਹ ਵੀ ਬੇਨਤੀ ਕੀਤੀ ਜਾਵੇ ਕਿ ਰਿਜ਼ਰਵੇਸ਼ਨ ਦਾ ਮੁੱਦਾ ਸੰਵਿਧਾਨ ਦੀ 9ਵੀਂ ਸੂਚੀ ਵਿਚ ਦਰਜ ਕੀਤਾ ਜਾਵੇ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 2. | ਸਰਦਾਰ ਬਲਦੇਵ ਸਿੰਘ, ਆਮ ਆਦਮੀ ਪਾਰਟੀ | 01 ਮਿੰਟ |
| 3. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 4. | ਡਾਕਟਰ ਰਾਜ ਕੁਮਾਰ ਵੇਰਕਾ, ਇੰਡੀਅਨ ਨੈਸ਼ਨਲ ਕਾਂਗਰਸ | 05 ਮਿੰਟ |

2. ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਸਹਿਕਾਰਤਾ ਮੰਤਰੀ ਵੱਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਨਾਨਕ ਨਾਮ ਲੇਵਾ ਸੰਗਤਾਂ ਦੀਆਂ ਦਹਾਕਿਆਂ ਦੀਆਂ ਅਰਦਾਸਾਂ ਤੋਂ ਬਾਅਦ ਮਿਤੀ 9 ਨਵੰਬਰ, 2019 ਨੂੰ ਸ੍ਰੀ ਕਰਤਾਰਪੁਰ ਸਾਹਿਬ, ਪਾਕਿਸਤਾਨ ਦੇ ਦਰਸ਼ਨਾਂ ਲਈ ਲਾਂਘਾ ਖੋਲ੍ਹਿਆ ਗਿਆ, ਜਿਸ ਨੂੰ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਜਾਵੇਗਾ। ਇਸ ਸਮੇਂ ਜਿਹੜਾ ਵੀ ਕੋਈ ਨਾਨਕ ਨਾਮ ਲੇਵਾ ਸ਼ਰਧਾਲੂ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਜਾਣਾ ਚਾਹੁੰਦਾ ਹੈ ਤਾਂ ਉਸ ਨੂੰ ਆਪਣੀ ਪਛਾਣ ਦਿਖਾਉਣ ਲਈ ਪਾਸਪੋਰਟ ਦੀ ਜ਼ਰੂਰਤ ਹੁੰਦੀ ਹੈ ਅਤੇ 20 ਅਮਰੀਕੀ ਡਾਲਰ ਫੀਸ ਵੀ ਦੇਣੀ ਪੈਂਦੀ ਹੈ। ਸਾਡੇ ਬਹੁਤ ਸਾਰੇ ਐਸੇ ਵਸਨੀਕ ਹਨ, ਜਿਨ੍ਹਾਂ ਕੋਲ ਪਾਸਪੋਰਟ ਹੀ ਨਹੀਂ ਹੈ, ਜਿਸ ਕਰਕੇ ਉਹ ਚਾਹੁੰਦੇ ਹੋਏ ਵੀ ਦਰਸ਼ਨਾਂ ਤੋਂ ਵਾਂਝੇ ਰਹਿ ਜਾਂਦੇ ਹਨ। ਇਸ ਤੋਂ ਇਲਾਵਾ ਵੈਬਸਾਈਟ ਤੇ ਰਜਿਸਟ੍ਰੇਸ਼ਨ ਵਾਸਤੇ ਬੜੀ ਮੁਸ਼ਕਿਲ ਪ੍ਰਕ੍ਰਿਆ ਰੱਖੀ ਗਈ ਹੈ, ਜਿਹੜਾ ਕਿ ਸ਼ਰਧਾਲੂਆਂ ਲਈ ਬਹੁਤ ਵੱਡਾ ਅੜਿੱਕਾ ਹੈ। ਇਨ੍ਹਾਂ ਵਜ੍ਹਾ ਕਰਕੇ ਸਾਰੇ ਸ਼ਰਧਾਲੂ ਦਰਸ਼ਨਾਂ ਲਈ ਨਹੀਂ ਜਾ ਰਹੇ। ਇਹ ਸਦਨ ਪੰਜਾਬ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਇਸ ਵੱਲੋਂ ਕੇਂਦਰ ਸਰਕਾਰ ਨਾਲ ਸੰਪਰਕ ਕੀਤਾ ਜਾਵੇ ਕਿ-

1) ਭਾਰਤ ਸਰਕਾਰ ਵੱਲੋਂ ਪਾਕਿਸਤਾਨ ਸਰਕਾਰ ਨਾਲ ਗੱਲ ਕਰਕੇ ਪਾਸਪੋਰਟ ਦੀ ਸ਼ਰਤ ਹਟਾਈ ਜਾਵੇ ਅਤੇ ਇਸ ਦੀ ਜਗ੍ਹਾ ਪਛਾਣ ਦੇ ਹੋਰ ਦਸਤਾਵੇਜ਼ ਜਿਵੇਂ ਆਧਾਰ ਕਾਰਡ ਮਨਜ਼ੂਰ ਕੀਤੇ ਜਾਣ।

2) ਭਾਰਤ ਸਰਕਾਰ ਵੱਲੋਂ ਪਾਕਿਸਤਾਨ ਸਰਕਾਰ ਨਾਲ ਸੰਪਰਕ ਕਰਕੇ 20 ਡਾਲਰ ਅਮਰੀਕੀ ਫੀਸ ਘਟਾਈ ਜਾਵੇ।

3) ਭਾਰਤ ਸਰਕਾਰ ਵੱਲੋਂ ਵੈਬਸਾਈਟ ਤੇ ਰਜਿਸਟ੍ਰੇਸ਼ਨ ਦੀ ਮੁਸ਼ਕਿਲ ਪ੍ਰਕ੍ਰਿਆ ਨੂੰ ਸਰਲ ਕੀਤਾ ਜਾਵੇ।"

ਮਤਾ ਪੇਸ਼ ਕਰਦੇ ਹੋਏ ਸਹਿਕਾਰਤਾ ਮੰਤਰੀ 02 ਮਿੰਟ ਲਈ ਬੋਲੇ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 2. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 3. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 02 ਮਿੰਟ |
| 4. | ਸਰਦਾਰ ਬਲਵਿੰਦਰ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 02 ਮਿੰਟ |

ਬਹਿਸ ਦਾ ਜਵਾਬ ਦਿੰਦੇ ਹੋਏ ਮੁੱਖ ਮੰਤਰੀ 02 ਮਿੰਟ ਲਈ ਬੋਲੇ।

6. ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ

ਮਾਨਯੋਗ ਸਪੀਕਰ ਵੱਲੋਂ ਮਹਾਰਾਣੀ ਪਰਨੀਤ ਕੌਰ, ਮੈਂਬਰ ਪਾਰਲੀਮੈਂਟ, ਲੋਕ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

7. ਧਿਆਨ ਦਿਵਾਊ ਨੋਟਿਸ

1. ਧਿਆਨ ਦਿਵਾਊ ਨੋਟਿਸ ਨੰ: 16 ਪੇਸ਼ ਨਹੀਂ ਕੀਤਾ ਗਿਆ।

2. ਡਾਕਟਰ ਸੁਖਵਿੰਦਰ ਕੁਮਾਰ, ਐਮ.ਐਲ.ਏ. ਅਤੇ ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਐਮ.ਐਲ.ਏ ਵਲੋਂ ਰਾਜ ਵਿੱਚ ਕੁੱਤਿਆਂ ਦੁਆਰਾ ਕੱਟੇ ਗਏ ਮਰੀਜ਼ਾਂ ਦੇ ਮੁਕੰਮਲ ਅਤੇ ਸਸਤੇ ਇਲਾਜ਼ ਦੀ ਉਪਲਬਧਤਾ ਨਾ ਹੋਣ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 27)

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਨੇ ਜਵਾਬ ਦਿੱਤਾ।

3. ਸਰਦਾਰ ਗੁਰਮੀਤ ਸਿੰਘ ਮੀਤ ਹੇਹਰ, ਐਮ.ਐਲ.ਏ.ਅਤੇ ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ ਵਲੋਂ ਬਰਨਾਲਾ ਅਤੇ ਰਾਜ ਦੇ ਦੂਜੇ ਸ਼ਹਿਰਾਂ ਵਿੱਚ ਪਾਣੀ ਦੀ ਸਪਲਾਈ ਦੀਆਂ ਪੁਰਾਣੀਆਂ ਅਤੇ ਜਰਜਰੀਆਂ ਪਾਈਪਾਂ ਦੀ ਲੀਕੇਜ਼ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 31)

ਸਥਾਨਕ ਸਰਕਾਰ ਮੰਤਰੀ ਨੇ ਜਵਾਬ ਦਿੱਤਾ।

8. ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ

ਮਾਨਯੋਗ ਸਪੀਕਰ ਨੇ ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ ਨੇ ਰਿਪੋਰਟ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਅੱਧੇ ਮਿੰਟ ਲਈ ਬੋਲੇ।

9. ਰਿਪੋਰਟ ਪੇਸ਼ ਕਰਨਾ

ਸਰਕਾਰੀ ਕਾਰੋਬਾਰ ਕਮੇਟੀ ਦੇ ਸਭਾਪਤੀ (ਸਰਦਾਰ ਕੁਲਜੀਤ ਸਿੰਘ ਨਾਗਰਾ) ਨੇ ਸਾਲ 2019-20 ਲਈ ਪੰਜਾਬ ਊਰਜਾ ਵਿਕਾਸ ਏਜੰਸੀ (ਪੀ.ਈ.ਡੀ.ਏ) ਦੇ ਆਮ ਕੰਮ-ਕਾਰ ਤੇ ਸਰਕਾਰੀ ਕਾਰੋਬਾਰ ਕਮੇਟੀ ਦੀ 118ਵੀਂ ਰਿਪੋਰਟ ਪੇਸ਼ ਕੀਤੀ।

ਰਿਪੋਰਟ ਪੇਸ਼ ਕਰਦੇ ਹੋਏ ਸਰਦਾਰ ਕੁਲਜੀਤ ਸਿੰਘ ਨਾਗਰਾ, ਸਭਾਪਤੀ, ਸਰਕਾਰੀ ਕਾਰੋਬਾਰ ਕਮੇਟੀ ਦੋ ਮਿੰਟ ਲਈ ਬੋਲੇ।

10. ਰਾਜਪਾਲ ਦੇ ਭਾਸ਼ਣ ਤੇ ਬਹਿਸ ਮੁੜ ਆਰੰਭ ਕਰਨਾ

ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਜੋ ਕਿ ਮਾਨਯੋਗ ਮੈਂਬਰ ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ ਵਲੋਂ ਪੇਸ਼ ਕੀਤਾ ਗਿਆ ਅਤੇ ਜਿਸ ਦੀ ਮਾਨਯੋਗ ਮੈਂਬਰ ਡਾਕਟਰ ਰਾਜ ਕੁਮਾਰ ਚੱਬੇਵਾਲ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪ੍ਰੋੜ੍ਹਤਾ ਕੀਤੀ ਗਈ ਤੇ ਮੁੜ੍ਹ ਬਹਿਸ ਆਰੰਭ ਹੋਈ:-

" ਕਿ ਰਾਜਪਾਲ ਜੀ ਨੂੰ ਹੇਠ ਲਿਖੇ ਸ਼ਬਦਾਂ ਵਿੱਚ ਮਾਣ ਪੱਤਰ ਪੇਸ਼ ਕੀਤਾ ਜਾਵੇ:-

ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਹਨਾਂ ਨੇ 16 ਜਨਵਰੀ, 2020 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ।"

ਇਸ ਉਪਰੰਤ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਕੁਲਦੀਪ ਸਿੰਘ ਵੈਦ ਬੁਲਾਰਾ, ਇੰਡੀਅਨ ਨੈਸ਼ਨਲ ਕਾਂਗਰਸ | 18 ਮਿੰਟ |
| 2. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 12 ਮਿੰਟ |
| 3. | ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 09 ਮਿੰਟ |
| 4. | ਸਰਦਾਰ ਤਰਸੇਮ ਸਿੰਘ ਡੀ.ਸੀ, ਇੰਡੀਅਨ ਨੈਸ਼ਨਲ ਕਾਂਗਰਸ | 18 ਮਿੰਟ |
| 5. | ਸਰਦਾਰ ਨਵਤੇਜ਼ ਸਿੰਘ ਚੀਮਾ, ਇੰਡੀਅਨ ਨੈਸ਼ਨਲ ਕਾਂਗਰਸ | 23 ਮਿੰਟ |
| 6. | ਸ਼੍ਰੀ ਗੁਰਮੀਤ ਸਿੰਘ ਮੀਤ ਹੇਹਰ, ਆਮ ਆਦਮੀ ਪਾਰਟੀ | 10 ਮਿੰਟ |
| 7. | ਸਰਦਾਰ ਸ਼ਰਨਜੀਤ ਸਿੰਘ ਢਿੱਲੋਂ, ਸ਼੍ਰੋਮਣੀ ਅਕਾਲੀ ਦਲ | 13 ਮਿੰਟ |
| 8. | ਪ੍ਰੋਫੈਸਰ ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 10 ਮਿੰਟ |
| 9. | ਸ਼੍ਰੀ ਅਰੁਣ ਨਾਰੰਗ, ਭਾਰਤੀ ਜਨਤਾ ਪਾਰਟੀ | 08 ਮਿੰਟ |
| 10. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |

ਸਦਨ ਦੇ ਸਥਗਿਤ ਹੋ ਜਾਣ ਕਾਰਨ ਮਾਨਯੋਗ ਮੈਂਬਰ ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ ਮਿਤੀ 26 ਫਰਵਰੀ, 2020 ਨੂੰ ਬਹਿਸ ਜਾਰੀ ਰੱਖਣਗੇ।

ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਮੈਂਬਰ, ਪੈਨਲ ਆਫ਼ ਚੇਅਰਮੈਨ ਨੇ 12.25 ਵਜੇ ਬਾਅਦ ਦੁਪਹਿਰ ਤੋਂ 2.00 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਬੁੱਧਵਾਰ ਮਿਤੀ 26 ਫਰਵਰੀ, 2020 ਦੇ 10.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

ਚੰਡੀਗੜ੍ਹ:
25 ਫਰਵਰੀ, 2020

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।